pstcl
PUNJAB STATE TRANSMISSION CORPORATION LIMITED
ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ
(ਪੰਜਾਬ ਸਰਕਾਰ ਦਾ ਅਦਾਰਾ)
(ਰਜਿ: ਦਫਤਰ: ਪੀ.ਐਸ.ਈ.ਬੀ. ਹੈਡ ਆਫਿਸ, ਦੀ ਮਾਲ, ਪਟਿਆਲਾ-147001, ਪੰਜਾਬ, ਇੰਡੀਆ)
ਕਾਰਪੋਰੇਟ ਸ਼ਨਾਖਤੀ ਨੰਬਰ : U40109PB2010SGC033814
(ਦਫ: ਉੱਪ ਮੁੱਖ ਇੰਜੀਨੀਅਰ/ਐਸ ਤੇ ਡੀ, ਜਨਰਲ ਭਾਗ, ਸ਼ਕਤੀ ਸਦਨ, ਪਟਿਆਲਾ)
(ਟੈਲੀਫੂਨ ਨੰ: 0175-2200477 Email id:-dy-secy-g@pstcl.org)

ਵੱਲ

1) ਮੁੱਖ ਇੰਜੀ:/ਐਚ.ਆਈ.ਐਸ.ਐਂਡ.ਡੀ, ਪੀ.ਐਸ.ਟੀ.ਸੀ.ਐਲ, ਪਟਿਆਲਾ।
2) ਮੁੱਖ ਇੰਜੀ:/ਟੀ.ਐਸ.,ਪੀ.ਐਸ.ਟੀ.ਸੀ.ਐਲ, ਪਟਿਆਲਾ।
3) ਮੁੱਖ ਇੰਜੀ:/ਐਸ.ਐਲ.ਡੀ.ਸੀ., ਪੀ.ਐਸ.ਟੀ.ਸੀ.ਐਲ, ਅਬਲੋਵਾਲ, ਪਟਿਆਲਾ।
4) ਮੁੱਖ ਇੰਜੀ:/ਪੀ ਤੇ ਐਮ, ਪੀ.ਐਸ.ਟੀ.ਸੀ.ਐਲ, ਲੁਧਿਆਣਾ।
5) ਮੁੱਖ ਵਿੱਤ ਅਫਸਰ / ਪੀ.ਐਸ.ਟੀ.ਸੀ.ਐਲ, ਪਟਿਆਲਾ।
6) ਮੁੱਖ ਲੇਖਾ ਅਫਸਰ (ਵਿੱਤ ਤੇ ਆਡਿਟ), ਪੀ.ਐਸ.ਟੀ.ਸੀ.ਐਲ, ਪਟਿਆਲਾ।
7) ਸਾਰੇ ਉੱਪ ਮੁੱਖ ਇੰਜੀ./ਨਿਗ.ਇੰਜੀਨੀਅਰ, ਪੀ.ਐਸ.ਟੀ.ਸੀ.ਐਲ।
8) ਕੰਪਨੀ ਸੈਕਟਰੀ, ਪੀ.ਐਸ.ਟੀ.ਸੀ.ਐਲ, ਪਟਿਆਲਾ।

ਮੀਮੋ ਨੰ. 23077/84/ ਮਿਤੀ: 23/11/22

**ਵਿਸ਼ਾ:-** **ਮਹੀਨਾ ਨਵੰਬਰ 2022 ਨੂੰ ਪੰਜਾਬੀ ਮਹੀਨੇ ਵਜੋਂ ਮਨਾਉਣ ਸਬੰਧੀ।**

**ਹਵਾਲਾ:-** ਪ੍ਰਮੁੱਖ ਸਕੱਤਰ, ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ ਪੰਜਾਬ ਸਰਕਾਰ ਦੇ ਦਫਤਰ ਦਾ ਪੱਤਰ ਨੰ. 6/14/18-2 ਸਿੱ.ਸੈੱਲ/836 ਮਿਤੀ 28.10.2022.

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪ੍ਰਮੁੱਖ ਸਕੱਤਰ, ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ ਪੰਜਾਬ ਸਰਕਾਰ ਦੇ ਦਫਤਰ ਦਾ ਪੱਤਰ ਨੰ. 6/14/18-2 ਸਿੱ.ਸੈੱਲ/836 ਮਿਤੀ 28.10.2022 ਦੀ ਕਾਪੀ ਆਪ ਜੀ ਦੇ ਦਫਤਰ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਪੱਤਰ ਵਿੱਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ ਜੀ।

ਇਹ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ।

**ਨੱਥੀ/- ਉਪਰੋਕਤ ਅਨੁਸਾਰ**

ਉੱਪ ਸਕੱਤਰ/ਜਨਰਲ,
ਪੀ.ਐਸ.ਟੀ.ਸੀ.ਐਲ, ਪਟਿਆਲਾ।

ਪਿੱਠ ਅੰਕਣ ਨੰ. 23085/88 ਮਿਤੀ: 23/11/22

ਉਪਰੋਕਤ ਦਾ ਉਤਾਰਾ ਹੇਠ ਲਿਖੇ ਦਫਤਰਾਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ:-

1) ਸੀਨੀ.ਪੀ.ਐਸ.-ਟੂ- ਸੀ.ਐਮ.ਡੀ.,ਪੀ.ਐਸ.ਟੀ.ਸੀ.ਐਲ, ਪਟਿਆਲਾ।
2) ਸੀਨੀ.ਪੀ.ਐਸ.ਟੂ ਡਾਇਰੈਕਟਰ/ਵਿੱਤ ਤੇ ਵਣਜ, ਪੀ.ਐਸ.ਟੀ.ਸੀ.ਐਲ, ਪਟਿਆਲਾ।
3) ਪੀ.ਏ. ਟੂ ਡਾਇਰੈਕਟਰ/ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ।
4) ਪੀ.ਏ. ਟੂ ਡਾਇਰੈਕਟਰ/ਤਕਨੀਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ।

ਉੱਪ ਸਕੱਤਰ/ਜਨਰਲ,
ਪੀ.ਐਸ.ਟੀ.ਸੀ.ਐਲ, ਪਟਿਆਲਾ।

Scanned with CamScanner

ਨੰ:6/14/18-2ਸਿੱ.ਸੈਲ/ 836

**ਪੰਜਾਬ ਸਰਕਾਰ**

**ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ**

**(ਸਿੱਖਿਆ ਸੈੱਲ)**

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ,ਸਮੂਹ ਡਿਪਟੀ ਕਮਿਸ਼ਨਰ,
ਸਮੂਹ ਵਿਭਾਗਾਂ ਦੇ ਮੁੱਖੀ ਬੋਰਡਾਂ, ਕਾਰਪੋਰੇਸ਼ਨਾਂ ਦੇ ਚੇਅਰਮੈਨ,
ਸਮੂਹ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ/ਕਾਲਜਾਂ ਦੇ ਪ੍ਰਿੰਸੀ./ਸਕੂਲਾਂ ਦੇ ਪ੍ਰਿੰਸੀ.,
ਸਮੂਹ ਨਗਰ ਨਿਗਮ ਅਤੇ ਨਗਰ ਪਾਲਿਕਾ ਦੇ ਕਮਿਸ਼ਨਰ ਅਤੇ ਕਾਰਜ ਸਾਧਕ ਅਫ਼ਸਰ,
ਚੇਅਰਮੈਨ ਪੰਜਾਬ ਲੋਕ ਸੇਵਾ ਕਮਿਸ਼ਨ ਅਤੇ ਉਦਯੋਗਿਕ ਸਿਖਲਾਈ ਸੰਸਥਾਵਾਂ ਦੇ ਮੁੱਖੀ,
ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ, ਉਪ ਮੰਡਲ ਅਫ਼ਸਰ (ਸਿਵਲ) ਅਤੇ
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈਕੋਰਟ।

ਮਿਤੀ,ਚੰਡੀਗੜ੍ਹ: 28/10/2022

No. 919 PS to Director/Admn
Date 17/11/2022

Diary No. 236 /CE/HIS&D
Dtd 18/11/2022

CE/HIS & D
CE/P&M
Sr. PS
Director/Admin

Dy. C.E./HR & Admn.
Dy. C.E./S&D
Dy.C.E./IT
P.S.
C.E./HR, IT, P&D

**ਵਿਸ਼ਾ:-** **ਮਹੀਨਾ ਨਵੰਬਰ, 2022 ਨੂੰ ਪੰਜਾਬੀ ਮਹੀਨੇ ਵਜੋਂ ਮਨਾਉਣ ਸਬੰਧੀ।**

****

ਸ੍ਰੀਮਾਨ/ਸ੍ਰੀਮਤੀ ਜੀ,

ਕਿਰਪਾ ਕਰਕੇ ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2. ਪੰਜਾਬ ਰਾਜ ਭਾਸ਼ਾ ਐਕਟ 1967, ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਤੇ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ-2021 ਦੇ ਉਪਬੰਧਾਂ ਅਨੁਸਾਰ ਪੰਜਾਬ ਸਰਕਾਰ ਦੇ ਸਾਰੇ ਦਫਤਰਾਂ, ਸਰਕਾਰੀ ਖੇਤਰ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫਤਰਾਂ ਵਿਚ ਸਮੁੱਚਾ ਦਫਤਰੀ ਕੰਮ-ਕਾਜ ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਵਿਚ ਕੀਤਾ ਜਾਣਾ ਲਾਜ਼ਮੀ ਹੈ। ਪੰਜਾਬ ਸਰਕਾਰ ਵਲੋਂ ਦਫਤਰੀ ਕੰਮ-ਕਾਜ ਵਿਚ ਪੰਜਾਬੀ ਭਾਸ਼ਾ ਦੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਸਮੇਂ ਸਮੇਂ ਤੇ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਮਾਤ ਭਾਸ਼ਾ ਪੰਜਾਬੀ ਪ੍ਰਤੀ ਸਤਿਕਾਰ ਕਰਨਾ ਸਾਡਾ ਸਮੂਹ ਪੰਜਾਬੀਆਂ ਦਾ ਨੈਤਿਕ ਫਰਜ਼ ਹੈ। ਭਾਸ਼ਾ ਵਿਭਾਗ, ਪੰਜਾਬ ਸਰਕਾਰ ਦੇ

Scanned with CamScanner

ਸਮੂਹ ਅਦਾਰਿਆਂ ਅੰਦਰ ਮਾਤ-ਭਾਸ਼ਾ ਪੰਜਾਬੀ ਵਿਚ ਕੰਮ ਕਰਵਾਉਣ ਦੇ ਨਾਲ-ਨਾਲ ਪੰਜਾਬੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਵਚਨਬੱਧ ਹੈ।

3. ਪੰਜਾਬ ਸਰਕਾਰ ਵਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਮਿਤੀ 01.11.2022 ਤੋਂ ਮਿਤੀ 30.11.2022 ਤੱਕ ਪੰਜਾਬ ਰਾਜ ਦੇ ਸਮੂਹ ਦਫਤਰਾਂ ਅਤੇ ਵਿਦਿਅਕ ਅਦਾਰਿਆਂ ਵਿਚ ਪੰਜਾਬੀ ਮਹੀਨਾ ਮਨਾਇਆ ਜਾਵੇ। ਮਾਂ-ਬੋਲੀ ਪੰਜਾਬੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਆਪਣੇ ਪੱਧਰ ਤੇ ਸਾਹਿਤਕ ਸਮਾਗਮ ਆਯੋਜਿਤ ਕੀਤੇ ਜਾਣ। ਰਾਜ ਦੇ ਸਕੂਲਾਂ, ਕਾਲਜਾਂ ਵਿਚ ਵਿਦਿਆਰਥੀਆਂ ਦੀ ਸਮੂਲੀਅਤ ਯਕੀਨੀ ਬਣਾ ਕੇ ਸਾਹਿਤਕ ਸਮਾਗਮ ਕਰਵਾਏ ਜਾਣ।

ਪ੍ਰਮੁੱਖ ਸਕੱਤਰ ਪੰਜਾਬ ਸਰਕਾਰ
ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ

ਉਪਰੋਕਤ ਦਾ ਇਕ ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪਬ੍ਰੰਧਕੀ ਸਕੱਤਰ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪੰਬਧਕੀ ਕੰਟਰੋਲ ਅਧੀਨ ਆਉਂਦੇ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵਲੋਂ ਉਕਤ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਨ ਹਿੱਤ ਯੋਗ ਕਦਮ ਚੁੱਕਣ ਦੀ ਕ੍ਰਿਪਾਲਤਾ ਕਰਨ।

ਪ੍ਰਮੁੱਖ ਸਕੱਤਰ ਪੰਜਾਬ ਸਰਕਾਰ
ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ

ਸੇਵਾ ਵਿਖੇ,

ਪੰਜਾਬ ਰਾਜ ਦੇ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ:ਵਿ:ਪੱ: ਨੰ: 6/14/18-2ਸਿੱ.ਸੈਲ/ 837 ਮਿਤੀ,ਚੰਡੀਗੜ੍ਹ: 28/10/2022

Scanned with CamScanner